


# Aartee

Distributed by SikhNet.com

# ਰਾਗੁ ਧਨਾਸਰੀ ਮਹਲਾ ੧ ॥

ਗਗਨ ਮੈ ਥਾਲੁ ਰਵਿ ਚੰਦੁ ਦੀਪਕ ਬਨੇ
ਤਾਰਿਕਾ ਮੰਡਲ ਜਨਕ ਮੋਤੀ ॥ਧੂਪੁ
ਮਲਆਨਲੋ ਪਵਣੁ ਚਵਰੋ ਕਰੇ ਸਗਲ
ਬਨਰਾਇ ਫੂਲੰਤ ਜੋਤੀ ॥੧॥ ਕੈਸੀ ਆਰਤੀ
ਹੋਇ ॥ ਭਵ ਖੰਡਨਾ ਤੇਰੀ ਆਰਤੀ ॥
ਅਨਹਤਾ ਸਬਦ ਵਾਜੰਤ ਭੇਰੀ ॥੧॥ ਰਹਾਉ
॥ ਸਹਸ ਤਵ ਨੈਨ ਨਨ ਨੈਨ ਹਹਿ ਤੋਹਿ
ਕਉ ਸਹਸ ਮੂਰਤਿ ਨਨਾ ਏਕ ਤੋੁਹੀ ॥
ਸਹਸ ਪਦ ਬਿਮਲ ਨਨ ਏਕ ਪਦ ਗੰਧ ਬਿਨੁ
ਸਹਸ ਤਵ ਗੰਧ ਇਵ ਚਲਤ ਮੋਹੀ ॥੨॥
ਸਭ ਮਹਿ ਜੋਤਿ ਜੋਤਿ ਹੈ ਸੋਇ ॥
ਤਿਸ ਦੈ ਚਾਨਣਿ ਸਭ ਮਹਿ ਚਾਨਣੁ ਹੋਇ ॥
ਗੁਰ ਸਾਖੀ ਜੋਤਿ ਪਰਗਟੁ ਹੋਇ ॥

ਜੋ ਤਿਸੁ ਭਾਵੈ ਸੁ ਆਰਤੀ ਹੋਇ ॥੩॥
ਹਰਿ ਚਰਣ ਕਵਲ ਮਕਰੰਦ ਲੋਭਿਤ ਮਨੋ
ਅਨਦਿਨੋੁ ਮੋਹਿ ਆਹੀ ਪਿਆਸਾ ॥ ਕ੍ਰਿਪਾ
ਜਲੁ ਦੇਹਿ ਨਾਨਕ ਸਾਰਿੰਗ ਕਉ ਹੋਇ ਜਾ ਤੇ
ਤੇਰੈ ਨਾਇ ਵਾਸਾ ॥੪॥੩॥

ਨਾਮੁ ਤੇਰੋ ਆਰਤੀ ਮਜਨੁ ਮੁਰਾਰੇ ॥ ਹਰਿ
ਕੇ ਨਾਮ ਬਿਨੁ ਝੂਠੇ ਸਗਲ ਪਾਸਾਰੇ ॥੧॥
ਰਹਾਉ ॥ ਨਾਮੁ ਤੇਰੋ ਆਸਨੋ ਨਾਮੁ ਤੇਰੋ
ਉਰਸਾ ਨਾਮੁ ਤੇਰਾ ਕੇਸਰੋ ਲੇ ਛਿਟਕਾਰੇ ॥
ਨਾਮੁ ਤੇਰਾ ਅੰਭੁਲਾ ਨਾਮੁ ਤੇਰੋ ਚੰਦਨੋ ਘਸਿ
ਜਪੇ ਨਾਮੁ ਲੇ ਤੁਝਹਿ ਕਉ ਚਾਰੇ ॥੧॥
ਨਾਮੁ ਤੇਰਾ ਦੀਵਾ ਨਾਮੁ ਤੇਰੋ ਬਾਤੀ ਨਾਮੁ
ਤੇਰੋ ਤੇਲੁ ਲੇ ਮਾਹਿ ਪਸਾਰੇ ॥

ਨਾਮ ਤੇਰੇ ਕੀ ਜੋਤਿ ਲਗਾਈ ਭਇਓ ਉਜਿਆਰੋ ਭਵਨ ਸਗਲਾਰੇ ॥੨॥ ਨਾਮੁ ਤੇਰੋ ਤਾਗਾ ਨਾਮੁ ਫੂਲ ਮਾਲਾ ਭਾਰ ਅਠਾਰਹ ਸਗਲ ਜੂਠਾਰੇ ॥ ਤੇਰੋ ਕੀਆ ਤੁਝਹਿ ਕਿਆ ਅਰਪਉ ਨਾਮੁ ਤੇਰਾ ਤੁਹੀ ਚਵਰ ਢੋਲਾਰੇ ॥੩॥ ਦਸ ਅਠਾ ਅਠਸਠੇ ਚਾਰੇ ਖਾਣੀ ਇਹੈ ਵਰਤਣਿ ਹੈ ਸਗਲ ਸੰਸਾਰੇ ॥ ਕਹੈ ਰਵਿਦਾਸੁ ਨਾਮੁ ਤੇਰੋ ਆਰਤੀ ਸਤਿ ਨਾਮੁ ਹੈ ਹਰਿ ਭੋਗ ਤੁਹਾਰੇ ॥੪॥੩॥

ਧੂਪ ਦੀਪ ਘ੍ਰਿਤ ਸਾਜਿ ਆਰਤੀ ॥ ਵਾਰਨੇ ਜਾਉ ਕਮਲਾ ਪਤੀ ॥੧॥ ਮੰਗਲਾ ਹਰਿ ਮੰਗਲਾ ॥ ਨਿਤ ਮੰਗਲੁ ਰਾਜਾ ਰਾਮ ਰਾਇ ਕੋ ॥੧॥ ਰਹਾਉ ॥

ਊਤਮੁ ਦੀਅਰਾ ਨਿਰਮਲ ਬਾਤੀ ॥
ਤੁਹੀ ਨਿਰੰਜਨੁ ਕਮਲਾ ਪਾਤੀ ॥੨॥
ਰਾਮਾ ਭਗਤਿ ਰਾਮਾਨੰਦੁ ਜਾਨੈ ॥
ਪੂਰਨ ਪਰਮਾਨੰਦੁ ਬਖਾਨੈ ॥੩॥
ਮਦਨ ਮੂਰਤਿ ਭੈ ਤਾਰਿ ਗੋਬਿੰਦੇ ॥
ਸੈਨੁ ਭਣੈ ਭਜੁ ਪਰਮਾਨੰਦੇ ॥੪॥੨॥

ਸੁੰਨ ਸੰਧਿਆ ਤੇਰੀ ਦੇਵ ਦੇਵਾਕਰ ਅਧਪਤਿ ਆਦਿ ਸਮਾਈ ॥ ਸਿਧ ਸਮਾਧਿ ਅੰਤੁ ਨਹੀ ਪਾਇਆ ਲਾਗਿ ਰਹੇ ਸਰਨਾਈ ॥੧॥ ਲੇਹੁ ਆਰਤੀ ਹੋ ਪੁਰਖ ਨਿਰੰਜਨ ਸਤਿਗੁਰ ਪੂਜਹੁ ਭਾਈ ॥ ਠਾਢਾ ਬ੍ਰਹਮਾ ਨਿਗਮ ਬੀਚਾਰੈ ਅਲਖੁ ਨ ਲਖਿਆ ਜਾਈ ॥੧॥ ਰਹਾਉ ॥

ਤਤੁ ਤੇਲੁ ਨਾਮੁ ਕੀਆ ਬਾਤੀ ਦੀਪਕੁ ਦੇਹ ਉਜ੍ਯ਼ਾਰਾ ॥ ਜੋਤਿ ਲਾਇ ਜਗਦੀਸ ਜਗਾਇਆ ਬੂਝੈ ਬੂਝਨਹਾਰਾ ॥੨॥ ਪੰਚੇ ਸਬਦ ਅਨਾਹਦ ਬਾਜੇ ਸੰਗੇ ਸਾਰਿੰਗਪਾਨੀ ॥ ਕਬੀਰ ਦਾਸ ਤੇਰੀ ਆਰਤੀ ਕੀਨੀ ਨਿਰੰਕਾਰ ਨਿਰਬਾਨੀ ॥੩॥੫॥

ਗੋਪਾਲ ਤੇਰਾ ਆਰਤਾ ॥ ਜੋ ਜਨ ਤੁਮਰੀ ਭਗਤਿ ਕਰੰਤੇ ਤਿਨ ਕੇ ਕਾਜ ਸਵਾਰਤਾ ॥੧॥ ਰਹਾਉ ॥ ਦਾਲਿ ਸੀਧਾ ਮਾਗਉ ਘੀਉ ॥ ਹਮਰਾ ਖੁਸੀ ਕਰੈ ਨਿਤ ਜੀਉ ॥ ਪਨ੍ਹੀਆ ਛਾਦਨੁ ਨੀਕਾ ॥ ਅਨਾਜੁ ਮਗਉ ਸਤ ਸੀ ਕਾ ॥੧॥ ਗਊ ਭੈਸ ਮਗਉ ਲਾਵੇਰੀ ॥ ਇਕ ਤਾਜਨਿ ਤੁਰੀ ਚੰਗੇਰੀ ॥

ਘਰ ਕੀ ਗੀਹਨਿ ਚੰਗੀ ॥ ਜਨੁ ਧੰਨਾ ਲੇਵੈ ਮੰਗੀ ॥੨॥੪॥

ਸ੍ਵੈਯਾ ॥

ਯਾ ਤੇ ਪ੍ਰਸੰਨ ਭਏ ਹੈ ਮਹਾਂ ਮੁਨਿ ਦੇਵਨ ਕੇ ਤਪ ਮੈ ਸੁਖ ਪਾਵੈਂ ॥ ਜੱਗਯ ਕਰੈ ਇਕ ਬੇਦ ਰਰੈ ਭਵ ਤਾਪ ਹਰੈ ਮਿਲਿ ਧਿਆਨਹਿ ਲਾਵੈਂ ॥ ਝਾਲਰ ਤਾਲ ਮ੍ਰਿਦੰਗ ਉਪੰਗ ਰਬਾਬ ਲੀਏ ਸੁਰ ਸਾਜ ਮਿਲਾਵੈਂ ॥ ਕਿੰਨਰ ਗੰਧ੍ਰਬ ਗਾਨ ਕਰੈ ਗਨਿ ਜੱਛ ਅਪੱਛਰ ਨਿਰਤ ਦਿਖਾਵੈਂ ॥ ੫੪॥ ਸੰਖਨ ਕੀ ਧੁਨ ਘੰਟਨ ਕੀ ਕਰਿ ਫੂਲਨ ਕੀ ਬਰਖਾ ਬਰਖਾਵੈਂ ॥ ਆਰਤੀ ਕੋਟਿ ਕਰੈ ਸੁਰ ਸੁੰਦਰ ਪੇਖ ਪੁਰੰਦਰ ਕੇ ਬਲਿ ਜਾਵੈਂ ॥

ਦਾਨਤਿ ਦੱਛਨ ਦੈ ਕੈ ਪ੍ਰਦੱਛਨ ਭਾਲ ਮੈ ਕੁੰਕਮ ਅੱਛਤ ਲਾਵੈਂ ॥ ਹੋਤ ਕੁਲਾਹਲ ਦੇਵ ਪੁਰੀ ਮਿਲਿ ਦੇਵਨ ਕੇ ਕੁਲਿ ਮੰਗਲ ਗਾਵੈਂ ॥ ੫੫॥

ਹੇ ਰਵਿ ਹੇ ਸਸਿ ਹੇ ਕਰੁਨਾਨਿਧ ਮੇਰੀ ਅਬੈ ਬਿਨਤੀ ਸੁਨਿ ਲੀਜੈ ॥ ਅਉਰ ਨ ਮਾਂਗਤ ਹਉ ਤੁਮ ਤੇ ਕਛੁ ਚਾਹਤ ਹਉ ਚਿਤ ਮੈ ਸੋਈ ਕੀਜੈ ॥ ਸ਼ੱਤ੍ਰਨ ਸਿਉ ਅਤਿ ਹੀ ਰਨ ਭੀਤਰ ਜੂਝ ਮਰੋ ਕਹਿ ਸਾਚ ਪਤੀਜੈ ॥ ਸੰਤ ਸਹਾਇ ਸਦਾ ਜਗ ਮਾਇ ਕ੍ਰਿਪਾ ਕਰਿ ਸਯਾਮ ਇਹੈ ਬਰੁ ਦੀਜੈ ॥ ੧੯੦੦॥

ਪਾਂਇ ਗਹੇ ਜਬ ਤੇ ਤੁਮਰੇ ਤਬ ਤੇ ਕੋਊ ਆਂਖ ਤਰੇ ਨਹੀ ਆਨਯੋ ॥ ਰਾਮ ਰਹੀਮ ਪੁਰਾਨ ਕੁਰਾਨ ਅਨੇਕ ਕਹੈਂ ਮਤ ਏਕ ਨ ਮਾਨਯੋ ॥ ਸਿੰਮ੍ਰਿਤਿ ਸਾਸਤ੍ਰ ਬੇਦ ਸਭੈ ਬਹੁ ਭੇਦ ਕਹੈ ਹਮ ਏਕ ਨ ਜਾਨਯੋ ॥ ਸ੍ਰੀ ਅਸਿਪਾਨ ਕ੍ਰਿਪਾ ਤੁਮਰੀ ਕਰਿ ਮੈ ਨ ਕਹਯੋ ਸਭ ਤੋਹਿ ਬਖਾਨਯੋ ॥੮੬੩॥

ਦੋਹਰਾ ॥

ਐਸੇ ਚੰਡ ਪ੍ਰਤਾਪ ਤੇ ਦੇਵਨ ਬਢਿਓ ਪ੍ਰਤਾਪ ॥ ਤੀਨ ਲੋਕ ਜੈ ਜੈ ਕਰੈ ਰਰੈ ਨਾਮ ਸਤਿ ਜਾਪ ॥ ੫੬॥

ਦੋਹਰਾ ॥

ਸਗਲ ਦੁਆਰ ਕਉ ਛਾਡਿ ਕੈ ਗਹਯੋ ਤੁਹਾਰੋ ਦੁਆਰ ॥ ਬਾਂਹਿ ਗਹੇ ਕੀ ਲਾਜ ਅਸਿ ਗੋਬਿੰਦ ਦਾਸ ਤੁਹਾਰ ॥੯੬੪॥

ਐਸੇ ਚੰਡ ਪ੍ਰਤਾਪ ਤੇ ਦੇਵਨ ਬਢਿਓ ਪ੍ਰਤਾਪ ॥ ਤੀਨ ਲੋਕ ਜੈ ਜੈ ਕਰੈ ਰਰੈ ਨਾਮ ਸਤਿ ਜਾਪ ॥ ੫੬॥

ਚੱਤ੍ਰ ਚੱਕ੍ਰ ਵਰਤੀ ਚੱਤ੍ਰ ਚੱਕ੍ਰ ਭੁਗਤੇ ॥
ਸੁਯੰਭਵ ਸੁਭੰ ਸਰਬਦਾ ਸਰਬ ਜੁਗਤੇ ॥
ਦੁਕਾਲੰ ਪ੍ਰਣਾਸੀ ਦਿਆਲੰ ਸਰੂਪੇ ॥
ਸਦਾ ਅੰਗ ਸੰਗੇ ਅਭੰਗੰ ਬਿਭੂਤੇ ॥ ੧੯੯॥